**ਡਾਇਰੈਕਟਰ ਜਨਰਲ ਸਕੂਲ ਸਿੱਖਿਆ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਐਸ.ਐਸ.ਏ, ਪੰਜਾਬ**
ਪੰਜਾਬ ਸਕੂਲ ਸਿੱਖਿਆ ਬੋਰਡ, ਈ. ਬਲਾਕ, ਫੇਜ਼-8, ਪੰਜਵੀਂ ਮੰਜ਼ਿਲ, ਅਜੀਤਗੜ੍ਹ,
ਈ-ਮੇਲ: - aspdhr@gmail.com

ਵੱਲ

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿੱ), ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ।
4. ਸਮੂਹ ਮੰਡਲ ਸਿੱਖਿਆ ਅਫਸਰ, ਪੰਜਾਬ।
5. ਸਮੂਹ ਜਿਲਾ ਸਿੱਖਿਆ ਅਫਸਰ (ਸੈ.ਸਿੱ), ਪੰਜਾਬ।
6. ਸਮੂਹ ਜਿਲਾ ਸਿੱਖਿਆ ਅਫਸਰ (ਐ.ਸਿੱ), ਪੰਜਾਬ।
7. ਸਮੂਹ ਸਕੂਲ ਪ੍ਰਿੰਸੀਪਲ/ ਮੁੱਖ ਅਧਿਆਪਕ, ਸਰਕਾਰੀ ਸੀਨੀਅਰ ਸੈਕੰਡਰੀ/ ਹਾਈ/ ਮਿਡਲ/ ਐਲੀਮੈਂਟਰੀ ਸਕੂਲ।
8. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਪੰਜਾਬ।

ਮੀਮੋ ਨੰ:- ਸਸਅ/2014/ਗ੍ਰੀਵੈਂਸ/( )/ २०१५१८९७
ਮਿਤੀ: ਅਜੀਤਗੜ੍ਹ 5/9/14

**ਵਿਸ਼ਾ: ਸ਼ਿਕਾਇਤ ਨਿਵਾਰਨ ਸੈਲ ਸਬੰਧੀ।**

**ਹਵਾਲਾ:** ਇਸ ਦਫਤਰ ਦਾ ਪੱਤਰ ਨੰ ਸਸਅ/2014/ਗ੍ਰੀਵੈਂਸ/( )/008881, ਮਿਤੀ: ਅਜੀਤਗੜ੍ਹ 15-07-2014

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਇਹ ਦੇਖਿਆ ਗਿਆ ਹੈ ਕਿ ਸਿੱਖਿਆ ਵਿਭਾਗ ਨਾਲ ਸਬੰਧਤ ਸਕੂਲ ਮੈਨੇਜਮੈਂਟ ਕਮੇਟੀਆਂ, ਪੰਚਾਇਤਾਂ ਅਤੇ ਆਮ ਜਨਤਾ ਵਲੋਂ ਕੀਤੀਆਂ ਸ਼ਿਕਾਇਤਾਂ ਸਿੱਖਿਆ ਵਿਭਾਗ ਦੇ ਵੱਖ-ਵੱਖ ਸਰਕਾਰੀ ਦਫਤਰਾਂ ਵਿੱਚ ਕਿਸੇ ਕਾਰਨ ਲੰਬਿਤ ਪਈਆਂ ਰਹਿੰਦੀਆਂ ਹਨ, ਜਿਸ ਨੂੰ ਹਲ ਕਰਵਾਉਣ ਲਈ ਲੋਕ ਗਾਹੇ-ਬਿਗਾਹੇ ਦਫਤਰਾਂ ਦੇ ਗੇੜੇ ਮਾਰਦੇ ਰਹਿੰਦੇ ਹਨ। ਇਸ ਤਰਾਂ ਕਰਨ ਨਾਲ ਸ਼ਿਕਾਇਤ ਕਰਤਾ ਨੂੰ ਮਾਨਸਿਕ ਅਤੇ ਸ਼ਰੀਰਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਜਿਸ ਨੂੰ ਦੇਖਦੇ ਹੋਏ ਸਿੱਖਿਆ ਵਿਭਾਗ ਵੱਲੋਂ ਸੂਚਨਾ ਅਤੇ ਸੰਚਾਰ ਤਕਨੋਲੋਜੀ ਦੀ ਵਰਤੋਂ ਕਰਦੇ ਹੋਏ ਇਸ ਦਫਤਰ ਦੇ ਸ਼ਿਕਾਇਤ ਨਿਵਾਰਨ ਸੈਲ ਵਿੱਚ ਟੋਲ ਫ੍ਰੀ ਨੰ 18001372215 ਲਗਾਇਆ ਹੈ, ਜਿਸ ਤੇ ਸ਼ਿਕਾਇਤ ਕਰਤਾ ਆਪਣੀ ਸ਼ਿਕਾਇਤ ਦਰਜ ਕਰਵਾ ਸਕਦਾ ਹੈ। ਇਸ ਤੋਂ ਇਲਾਵਾ ਸ਼ਿਕਾਇਤ ਕਰਤਾ ਆਪਣੀ ਸ਼ਿਕਾਇਤ www.ssapunjab.org 'ਤੇ public grievance ਲਿੰਕ ਰਾਹੀਂ ਵੀ ਦਰਜ ਕਰਵਾ ਸਕਦਾ ਹੈ।

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਆਮ ਜਨਤਾ ਦੀ ਜਾਣਕਾਰੀ ਲਈ ਸ਼ਿਕਾਇਤ ਨਿਵਾਰਨ ਸੈਲ ਦੇ ਟੋਲ ਫ੍ਰੀ ਨੰ 18001372215 ਅਤੇ www.ssapunjab.org 'ਤੇ public grievance ਲਿੰਕ ਸਬੰਧੀ ਜਾਣਕਾਰੀ ਹਰ ਵਿਦਿਅਕ ਅਦਾਰੇ ਅਤੇ ਸਿੱਖਿਆ ਵਿਭਾਗ ਦੇ ਹਰ ਦਫਤਰ ਦੇ ਬਾਹਰ ਲਿਖਣਾ ਲਾਜਮੀ ਬਣਾਇਆ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।**

ਪਿੱਠ ਅੰਕਣ ਨੰ: ਉਕਤ

ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਨਿੱਜੀ ਸਕੱਤਰ ਟੂ ਮਾਨਯੋਗ ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ ਟੂ ਪ੍ਰਮੁੱਖ ਸਕੱਤਰ, ਸਕੂਲ ਸਿੱਖਿਆ ਵਿਭਾਗ, ਪੰਜਾਬ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ।**